# ਦਫਤਰ ਜਿਲ੍ਹਾ ਸਿੱਖਿਆ ਅਫਸਰ (ਐ:ਸਿ) ਪਠਾਨਕੋਟ

[illegible]

ਵੱਲ:-

1. ਸੰਬੰਧਤ ਸਕੂਲ ਮੁੱਖੀ / ਮੈਨੇਜਰ
   ਜਿਲਾ ਪਠਾਨਕੋਟ।
2. ਸੰਬੰਧਤ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ
   ਜਿਲਾ ਪਠਾਨਕੋਟ।

ਪੱਤਰ ਨੰ:RTE/ **202121176** ਮਿਤੀ ਪਠਾਨਕੋਟ: 19.01.2021

ਵਿਸ਼ਾ:- 6-14 ਸਾਲ ਦੇ ਬੱਚਿਆਂ ਨੂੰ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ 2011 ਦੇ ਨਿਯਮ ਤੇ ਉਪ ਨਿਯਮ (4) ਸੈਕਸ਼ਨ 18 ਦੇ ਉਦੇਸ਼ ਲਈ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਐਕਟ 2009 ਲਈ ਮਾਨਤਾ ਨਵਿਆਉਣ/ਜਾਰੀ ਕਰਨ ਸੰਬੰਧੀ।

ਸ੍ਰੀ ਮਾਨ/ਮਤੀ ਜੀ,

ਆਪ ਜੀ ਰਾਹੀਂ ਪ੍ਰਾਪਤ ਪ੍ਰਤੀ ਬੇਨਤੀ ਅਤੇ ਬਾਅਦ ਵਿੱਚ ਇਸ ਸਬੰਧੀ ਕੀਤੇ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਨਿਮਨਹਸਤਾਖਰੀ ਵੱਲੋਂ ਹੇਠ ਲਿਖੇ ਸਕੂਲਾਂ ਨੂੰ ਜਮਾਤ ਪਹਿਲੀ ਤੋਂ ਜਮਾਤ ਅਠਵੀਂ ਲਈ ਮਿਤੀ 01-04-2020 ਤੋਂ 31-03-2023 ਤੱਕ ਮਾਨਤਾ ਜਾਰੀ/ਨਵਿਆਈ ਜਾਂਦੀ ਹੈ।

| Sr. No. | RTE CODE | SCHOOL NAME | BLOCK |
|---|---|---|---|
| 1 | 2102 | ADARSH BHARTIYA MODERN SCHOOL KHOJKICHAK | BAMIAL |
| 2 | 2145 | MAHARANA PARTAP SR. SEC. ADARSH VIDYALYA KHANPUR PATHANKOT | PATHANKOT-3 |
| 3 | 2162 | VIVIDH BHARTI VIDYALAYA SUJANPUR | DHAR-2 |
| 4 | 2180 | SMDRSD COLLEGIATE SEN. SEC. SCHOOL PATHANKOT | PATHANKOT-3 |
| 5 | 2292 | CAMBRIDGE INTERNATIONAL SCHOOL SHAHPUR KANDI | DHAR-1 |

ਹੇਠ ਲਿਖਿਆਂ ਸ਼ਰਤਾਂ ਦੀ ਪੂਰਤੀ ਤੇ ਬਾਅਦ ਹੀ ਇਹ ਮੰਜੂਰੀ ਸਹੀ ਮੰਨੀ ਜਾਵੇਗੀ।

ਸ਼ਰਤਾਂ:

1: ਮਾਨਤਾ ਦੀ ਮੰਜੂਰੀ ਦਾ ਸਮਾਂ ਵਧਾਇਆ ਨਹੀ ਜਾ ਸਕਦਾ ਅਤੇ ਕਿਸੇ ਵੀ ਸੂਰਤ ਵਿੱਚ ਅੱਠਵੀਂ ਸ਼੍ਰੇਣੀ ਤੋਂ ਅੱਗੇ ਮਾਨਤਾ/ਐਫੀਲੇਸ਼ਨ ਲਈ ਵਚਨਵੱਧ ਨਹੀ ਹੈ।

2: ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009(ਅਨੈਕਚਰ 1) ਅਤੇ ਬੱਚਿਆਂ ਦੇ ਲਾਜਮੀ ਅਤੇ ਮੁਫਤ ਸਿੱਖਿਆ ਦੇ ਨਿਯਮ 2011(ਅਨੈਕਚਰ 2) ਦੀ ਇੰਨਬਿੰਨ ਪਾਲਣਾ ਕਰੇਗਾ।

3: ਸਕੂਲ ਪਹਿਲੀ ਸ਼੍ਰੇਣੀ ਵਿੱਚ ਦਾਖਲਾ ਕਰੇਗਾ ਅਤੇ ਕਲਾਸ ਦੀ 25 ਪ੍ਰਤੀਸ਼ਤ ਉਸ ਵਿੱਚ ਸਾਰੇ ਵਿਦਿਆਰਥੀ ਜੋ ਕਮਜੋਰ ਵਰਗ ਅਤੇ ਗੈਰ ਲਾਭਦਾਇਕ ਵਰਗ ਜੋ ਕਿ ਉਹਨਾ ਦੇ ਗੁਆਂਢ ਵਿੱਚ ਹੋਣਗੇ ਨੂੰ ਐਲੀਮੈਂਟਰੀ ਸਿੱਖਿਆ ਦੀ ਸਮਾਪਤੀ ਤੱਕ ਮੁਫਤ ਅਤੇ ਲਾਜਮੀ ਸਿੱਖਿਆ ਪ੍ਰਦਾਨ ਕਰਵਾਏਗਾ।ਬਸ਼ਰਤੇ ਪ੍ਰੀ ਪ੍ਰਾਇਮਰੀ ਸ਼੍ਰੇਣੀਆਂ ਉੱਤੇ ਵੀ ਇਹ ਨਿਯਮ ਲਾਗੂ ਹੋਵੇਗਾ।

4: ਪੈਰਾ ਨੰ:3 ਵਿੱਚ ਦਰਸਾਏ ਵਿਦਿਆਰਥੀਆਂ ਦੇ ਲਈ ਸਕੂਲ,ਕਾਨੂੰਨ ਦੇ ਸੈਕਸ਼ਨ 12 ਦੇ ਸਬ ਸੈਕਸ਼ਨ 2 ਅਨੁਸਾਰ ਦੀ ਪੂਰਤੀ ਕਰੇਗਾ ਅਤੇ ਇਸ ਪ੍ਰਤੀ ਪੂਰਤੀ ਲਈ ਇੱਕ ਵੱਖਰਾ ਬੈਂਕ ਖਾਤਾ ਮਹੁੱਈਆ ਕਰਵਾਏਗਾ।

5: ਸਕੂਲ ਕੋਈ ਵੀ ਜਬਰੀ ਫੀਸ ਕਿਸੇ ਮਾਪਿਆਂ ਤੇ ਜਾਂ ਸਰਪ੍ਰਸਤ ਤੇ ਕਿਸੇ ਵੀ ਕਾਰਵਾਈ ਲਈ ਇਕੱਠੀ ਨਹੀ ਕਰੇਗਾ।

6: ਸਕੂਲ ਕਿਸੇ ਨੂੰ ਵੀ ਦਾਖਲੇ ਤੋਂ ਮਨਾਂ ਨਹੀ ਕਰੇਗਾ:-
(ੳ) ਕਿਸੇ ਵੀ ਬੱਚੇ ਨੂੰ ਜਿਸ ਕੋਲ ਜਨਮ ਦਾ ਸਬੂਤ ਨਾ ਹੋਵੇ ਜਾਂ
(ਅ) ਜੇਕਰ ਅਜਿਹੇ ਬੱਚੇ ਨੂੰ ਦਰਸਾਏ ਜਾਂ ਵਧਾਏ ਸਮੇ ਦੋਰਾਨ(ਦਾਖਲਾ ਦੇਣ ਲਈ) ਜੇਕਰ ਦਾਖਲਾ ਦੇ ਦਿੱਤਾ ਜਾਂਦਾ ਹੈ।
(ੲ) ਧਰਮ ,ਜਾਤ,ਪਾਤ,ਜਨਮ ਅਸਥਾਨ ਜਾਂ ਇਹਨਾ ਕਾਰਨਾ ਦੇ ਅਧਾਰ ਤੇ।

7: ਸਕੂਲ ਯਕੀਨੀ ਬਣਾਏਗਾ:
(ੳ) ਕੋਈ ਵੀ ਦਾਖਲ ਵਿਦਿਆਰਥੀ ਕਿਸੇ ਵੀ ਸ਼੍ਰੇਣੀ ਵਿੱਚ ਰੋਕਿਆ ਜਾਂ ਕੱਢਿਆ ਨਹੀ ਜਾ ਸਕਦਾ ਜਦੋ ਤੱਕ ਉਸ ਦੀ ਐਲੀਮੈਂਟਰੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
(ਅ) ਕਿਸੇ ਵੀ ਵਿਦਿਆਰਥੀ ਨੂੰ ਸਰੀਰਕ ਜਾਂ ਮਾਨਸਿਕ ਦੰਡ ਨਹੀ ਦਿੱਤਾ ਜਾਵੇਗਾ।
(ੲ)ਕਿਸੇ ਵੀ ਵਿਦਿਆਰਥੀ ਨੂੰ ਐਲੀਮੈਂਟਰੀ ਸਿੱਖਿਆ ਪੂਰੀ ਕਰਨ ਤੋ ਪਹਿਲਾਂ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਜਰੂਰਤ ਨਹੀ ਹੋਵੇਗੀ।